# ਦਫਤਰ ਜਿਲ੍ਹਾ ਸਿੱਖਿਆ ਅਫਸਰ(ਐ.ਸਿੱ.),ਅੰਮ੍ਰਿਤਸਰ

ਪੱਤਰ ਨੰ:ਸਸਅ/ਆਰ.ਟੀ.ਈ/ 2024329874 ਮਿਤੀ: 24-12-2024

ਵੱਲ:

ਮੈਨੇਜਰ / ਚੇਅਰਮੈਨ / ਪ੍ਰਧਾਨ

ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ।

ਵਿਸ਼ਾ:- ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 ਦੇ ਨਿਯਮ 11 ਦੇ ਉਪ ਨਿਯਮ (4) ਅਧੀਨ ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ 2009 ਦੀ ਧਾਰਾ 18 ਦੇ ਮੰਤਵ ਲਈ ਸਕੂਲ ਦੇ ਮਾਨਤਾ ਪ੍ਰਾਪਤ ਪ੍ਰਮਾਣ ਪੱਤਰ।

ਸ਼੍ਰੀਮਾਨ/ ਸ਼੍ਰੀਮਤੀ ਜੀ,

ਆਪ ਜੀ ਦੀ ਪ੍ਰਤੀ ਬੇਨਤੀ ਨਾਲ ਦਾਖਲ ਸਵੈ-ਘੋਸ਼ਣਾ ਅਤੇ ਨਿਰੀਖਕ ਕਮੇਟੀ ਵਲੋਂ ਦਿੱਤੀ ਗਈ ਸਕੂਲ ਦੀ ਨਿਰੀਖਣ ਰਿਪੋਰਟ ਨੂੰ ਮੁੱਖ ਰੱਖਦੇ ਸੰਤ ਬਾਬਾ ਗੁਰਬਖਸ਼ ਸਿੰਘ ਖਾਲਸਾ ਅਕੈਡਮੀ ਜੱਬੋਵਾਲ ਜਿਲ੍ਹਾ ਅੰਮ੍ਰਿਤਸਰ ਨੂੰ ਪਹਿਲੀ ਤੋਂ ਅੱਠਵੀਂ ਤੱਕ, ਪੰਜਾਬ ਸਰਕਾਰ ਸਕੂਲ ਸਿੱਖਿਆ ਵਿਭਾਗ (ਐਜੂਕੇਸ਼ਨ-3 ਸ਼ਾਖ) ਦੇ No.SED-EDU301/114/2023-3EDU3/645126/2023 Dated Chandigarh 19-09-2023 ਅਨੁਸਾਰ ਅਗਲੇ ਹੁਕਮਾਂ ਤੱਕ ਪੱਕੀ ਮਾਨਤਾ ਦਿੱਤੀ ਜਾਂਦੀ ਹੈ।

ਉਪਰੋਕਤ ਮਾਨਤਾ ਹੇਠ ਲਿਖੀਆਂ ਸ਼ਰਤਾਂ ਦੇ ਅਧਾਰ ਤੇ ਹੈ:-

1. ਮਾਨਤਾ ਪ੍ਰਾਪਤ ਦੀ ਪ੍ਰਵਾਨਗੀ ਵਾਧੇ ਯੋਗ ਨਹੀਂ ਹੈ ਅਤੇ ਕਿਸੇ ਵੀ ਹਾਲਤ ਵਿੱਚ ਇਸ ਦਾ ਮਤਲਬ ਇਹ ਨਹੀਂ ਲਿਆ ਜਾਣਾ ਚਾਹੀਦਾ ਹੈ ਕਿ ਇਹ ਅੱਠਵੀਂ ਜਮਾਤ ਤੋਂ ਉਪਰਲੀਆਂ ਜਮਾਤਾਂ ਦੀ ਮਾਨਤਾ / ਸਬੰਧਕਰਨ ਲਈ ਲਾਜ਼ਮੀ ਹੈ।

2. ਸਕੂਲ ਬੱਚਿਆਂ ਦਾ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਐਕਟ, 2009 (ਸਾਰਣੀ -1) ਅਤੇ ਬੱਚਿਆਂ ਦੇ ਮੁਫਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨਿਯਮਾਂ, 2011 (ਸਾਰਣੀ -2) ਦੇ ਉਪਬੰਧਾਂ ਦੀ ਪਾਲਣਾ ਕਰੇਗਾ।

3. ਸਕੂਲ ਦੀ ਪਹਿਲੀ ਜਮਾਤ ਵਿੱਚ (ਜਾਂ ਪੂਰਵ ਸਕੂਲ ਜਮਾਤ ਵਿੱਚ ਜੋ ਵੀ ਲਾਗੂ ਹੋਵੇ) ਜਮਾਤ ਦੀ ਕੁੱਲ ਸੰਖਿਆ ਦਾ 25% ਕਮਜ਼ੋਰ ਤਬਕੇ ਅਤੇ ਗੈਰ ਸੁਵਿਧਾ ਪ੍ਰਾਪਤ ਸਮੂਹ ਦੇ ਆਸ-ਪਾਸ ਦੇ ਬੱਚਿਆਂ ਦਾ ਦਾਖਲਾ ਕਰੇਗਾ ਅਤੇ ਮੁਫਤ ਅਤੇ ਲਾਜ਼ਮੀ ਮੁਢਲੀ ਸਿੱਖਿਆ, ਇਸ ਦੇ ਪੂਰੇ ਹੋਣ ਤੱਕ ਪੜਤਾਲ ਕਰੇਗਾ।ਇਸ ਸਬੰਧੀ ਸਕੂਲ ਬੱਚਿਆਂ ਦੇ ਮੁਫਤ ਅਤੇ ਲਾਜਮੀ ਸਿੱਖਿਆ ਦੇ ਅਧਿਕਾਰ ਨਿਯਮ 2011 ਦੇ ਸੈਕਸ਼ਨ 7 ਦੀ ਪਾਲਣਾ ਕਰੇਗਾ।

4. ਸਕੂਲ ਦੇ ਪੈਰਾ 3 ਵਿੱਚ ਦਿੱਤੇ ਬੱਚਿਆਂ ਲਈ ਐਕਟ ਦੀ ਧਾਰਾ 12 ਦੀ ਉਪ ਧਾਰਾ(2) ਦੇ ਉਪਬੰਧਾਂ ਅਨੁਸਾਰ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇਗੀ। ਇਹ ਪ੍ਰਤੀ ਪੂਰਤੀ ਲੈਣ ਲਈ ਸਕੂਲ ਨੂੰ ਵੱਖਰਾ ਬੈਂਕ ਖਾਤਾ ਰੱਖਣਾ ਪਵੇਗਾ।

5. ਸੰਸਥਾ/ ਸਕੂਲ ਕੋਈ ਕੈਪੀਟੇਸ਼ਨ ਫੀਸ ਨਹੀ ਲਵੇਗਾ ਅਤੇ ਬੱਚੇ ਦਾ ਉਸ ਦੇ ਮਾਪਿਆਂ ਜਾਂ ਸਰਪਲਸ ਦੀ ਚੋਣ ਦੀ ਕੋਈ ਵਿਧੀ ਨਹੀਂ ਅਪਣਾਏਗਾ।

6. ਸਕੂਲ ਕਿਸੇ ਬੱਚੇ ਨੂੰ ਜਨਮ ਦਾ ਸਬੂਤ ਨਾ ਹੋਣ ਕਾਰਨ ਦਾਖਲੇ ਤੋਂ ਇਨਕਾਰ ਨਹੀਂ ਕਰੇਗਾ ਅਤੇ ਐਕਟ ਦੀ ਧਾਰਾ 15 ਦੇ ਉਪਬੰਧਾਂ ਦੀ ਪਾਲਣਾ ਕਰੇਗਾ। ਸਕੂਲ ਇਹ ਯਕੀਨੀ ਬਣਾਏਗਾ ਕਿ :-

I.) ਕਿਸੇ ਵੀ ਦਾਖਲ ਕੀਤੇ ਬੱਚੇ ਨੂੰ ਸਕੂਲ ਵਿਚੋਂ ਕੱਢਿਆ ਨਹੀਂ ਜਾਵੇਗਾ ਜਦੋਂ ਤੱਕ ਕਿ ਉਸ ਦੀ ਮੁਢਲੀ ਸਿੱਖਿਆ ਪੂਰੀ ਨਹੀਂ ਹੋ ਜਾਂਦੀ।

II.) ਕਿਸੇ ਵੀ ਬੱਚੇ ਨੂੰ ਸਰੀਰਕ ਦੰਡ ਜਾਂ ਮਾਨਸਿਕ ਪ੍ਰੇਸ਼ਾਨੀ ਨਹੀਂ ਦਿੱਤੀ ਜਾਵੇਗੀ।

III.) ਹਰ ਇੱਕ ਬੱਚੇ ਨੂੰ ਜਿਸ ਨੇ ਮੁੱਢਲੀ ਸਿੱਖਿਆ ਪ੍ਰਾਪਤ ਕਰ ਲਈ ਹੈ , ਨੂੰ ਨਿਯਮ 25 ਅਨੁਸਾਰ ਪ੍ਰਮਾਣ ਪੱਤਰ ਦਿੱਤਾ ਜਾਵੇਗਾ।

IV.) ਐਕਟ ਦੇ ਉਪਬੰਧਾਂ ਅਨੁਸਾਰ ਵਿਸ਼ੇਸ਼ ਜਰੂਰਤਾਂ/ ਅਪੰਗ ਵਿਦਿਆਰਥੀਆਂ ਦੀ ਸ਼ਮੂਲੀਅਤ ।

V.) ਅਧਿਆਪਕਾਂ ਲਈ ਇਹ ਜਰੂਰੀ ਹੈ ਕਿ ਉਹ ਧਾਰਾ 23 (1) ਅਧੀਨ ਦਿੱਤੀਆਂ ਘੱਟੋ-ਘੱਟ ਵਿਦਿਅਕ ਯੋਗਤਾਵਾਂ ਪੂਰੀਆਂ ਕਰਦੇ ਹੋਣ।

VI.) ਅਧਿਆਪਕ ਐਕਟ ਦੀ ਧਾਰਾ 24(1) ਅਧੀਨ ਦਰਸਾਈਆਂ ਜਿੰਮੇਵਾਰੀਆਂ ਪੂਰੀਆਂ ਕਰਨਗੇ ।

VII) ਅਧਿਆਪਕ ਆਪਣੇ ਆਪ ਨੂੰ ਪ੍ਰਾਈਵੇਟ ਟਿਊਸ਼ਨਾਂ ਵਿੱਚ ਮਸ਼ਰੂਫ ਨਹੀਂ ਰੱਖਣਗੇ ।

VIII) ਸਕੂਲ ਪਹਿਲੀ ਜਮਾਤ ਤੋ ਪੰਜਾਬੀ ਅਤੇ ਤੀਸਰੀ ਜਮਾਤ ਤੋ ਹਿੰਦੀ ਪੜ੍ਹਾਉਣਾ ਲਾਜਮੀ ਬਣਾਏਗਾ।

IX) ਸਕੂਲ ਹਰ ਸਾਲ ਯੂ-ਡਾਈਸ ਭਰਨਾ ਯਕੀਨੀ ਬਣਾਏਗਾ।

Chairman / Manager
Sant Baba Gurbaksh Singh
Khalsa Academy
Jabbowal (Asr.)

Surinderjit Singh
Principal
Sant Baba Gurbaksh Singh
Khalsa Academy
Jabbowal (Asr.)

7. ਸਕੂਲ ਪੜ੍ਹਾਈ ਦੇ ਵਿਸ਼ਿਆਂ ਦੇ ਅਧਾਰ ਤੇ ਉਚਿਤ ਅਥਾਰਟੀ ਦੁਆਰਾ ਨਿਰਧਾਰਤ ਕੀਤੇ ਸਿਲੇਬਸ ਦੀ ਪੈਰਵੀ ਕਰਨਗੇ।

8. ਸਕੂਲ ਐਕਟ ਦੀ ਧਾਰਾ 19 ਵਿੱਚ ਨਿਰਧਾਰਤ ਸ਼ਰਤਾਂ ਅਤੇ ਮਿਆਰਾਂ ਦੀ ਪਾਲਣਾ ਕਰੇਗਾ।

9. ਸਕੂਲ ਸਿੱਖਿਆ ਅਧਿਕਾਰ ਕਾਨੂੰਨ ਦੀ ਧਾਰਾ 19 ਅਨੁਸਾਰ ਮਾਪਦੰਡ ਅਨੁਸਾਰ ਪਾਲਣਾ ਕਰੇਗਾ।ਜੋ ਸਹੂਲਤਾਂ ਪਿਛਲੇ ਸਮੇ ਦੇ ਮੁਆਇਨੇ ਅਨੁਸਾਰ ਦਰਸਾਈਆਂ ਗਈਆਂ ਹਨ,ਜੇਕਰ ਹਨ ਤਾਂ ਹੇਠ ਲਿਖੇ ਅਨੁਸਾਰ ਹਨ :- (ਰਿਪੋਰਟ ਅਨੁਸਾਰ ਹੈ)

ਸਕੂਲ ਦਾ ਖੇਤਰਫਲ (ਰਿਪੋਰਟ ਅਨੁਸਾਰ 220*495 Sq ft ਹੈ)

ਬਣਿਆ ਹੋਇਆ ਕੁੱਲ ਖੇਤਰਫਲ(ਰਿਪੋਰਟ ਅਨੁਸਾਰ 220*198 Sq ft ਹੈ)

ਖੇਡ ਦੇ ਮੈਦਾਨ ਦਾ ਖੇਤਰਫਲ(ਰਿਪੋਰਟ ਅਨੁਸਾਰ 220*297 Sq Ft)

ਸ੍ਰੇਣੀਆਂ ਦੇ ਕਮਰਿਆਂ ਦੀ ਗਿਣਤੀ(ਰਿਪੋਰਟ ਅਨੁਸਾਰ 10 ਹੈ)

ਮੁੱਖ ਅਧਿਆਪਕ ਕਮ ਅਫਸਰ ਕਮ ਭੰਡਾਰਣ ਦਾ ਕਮਰਾ(ਰਿਪੋਰਟ ਅਨੁਸਾਰ ਮੌਜੂਦ ਹੈ)

ਲਿਖਣ ਪੜਣ ਸੰਬੰਧੀ ਸਮੱਗਰੀ/ਖੇਡਾਂ ਦਾ ਸਮਾਨ/ਲਾਇਬਰੇਰੀ ਦੀ ਸਮੱਗਰੀ ਦੀ ਉਪਲਬਧਤਾ ਹੈ।

10. ਸਕੂਲ ਦੇ ਇਸੇ ਨਾਮ ਤੇ ਸਕੂਲ ਦੀ ਇਮਾਰਤ ਅੰਦਰ ਜਾਂ ਇਸ ਦੇ ਬਾਹਰ ਕੋਈ ਵੀ ਗੈਰ ਮਾਨਤਾ ਪ੍ਰਾਪਤ ਜਮਾਤ ਨਹੀਂ ਚਲਾਈ ਜਾਵੇਗੀ।

11. ਸਕੂਲ ਦੀ ਇਮਾਰਤ ਜਾਂ ਹੋਰ ਢਾਂਚਾ ਜਾਂ ਮੈਦਾਨ ਕੇਵਲ ਪੜ੍ਹਾਈ ਜਾਂ ਯੋਗਤਾ ਵਿਕਾਸ ਲਈ ਹੀ ਵਰਤੇ ਜਾਣਗੇ।

12. ਸਕੂਲ ਸੁਸਾਇਟੀ ਰਜਿਸ਼ਟਰੇਸ਼ਨ ਐਕਟ 1860 (1860 ਦਾ 21) ਅਧੀਨ ਰਜਿਸਟਰਡ ਕੀਤੀ ਸੁਸਾਇਟੀ ਦੁਆਰਾ ਜਾਂ ਸਮੇਂ ਸਮੇਂ ਤੇ ਲਾਗੂ ਕਿਸੇ ਕਾਨੂੰਨ ਅਧੀਨ ਸਿਰਜੇ ਗਏ ਟਰੱਸਟ ਦੁਆਰਾ ਚਲਾਇਆ ਜਾ ਰਿਹਾ ਹੈ।

13. ਸਕੂਲ ਸਮੇਂ ਸਮੇਂ ਤੇ ਲੋੜੀਦੇ ਦਸਤਾਵੇਜਾਂ ਜਿਵੇਂ ਕਿ ਬਿਲਡਿੰਗ ਸੇਫਟੀ ਸਰਟੀਫਿਕੇਟ, ਫਾਇਰ ਸੇਫਟੀ ਸਰਟੀਫਿਕੇਟ,ਜ਼ਮੀਨ ਸਬੰਧੀ ਦਸਤਾਵੇਜ ਅਤੇ ਹੋਰ ਕੋਈ ਵੀ ਦਸਤਾਵੇਜ ਜਿਸ ਦੀ ਮਿਆਦ ਖਤਮ ਹੋ ਜਾਵੇ, ਦਾ ਨਵੀਨੀਕਰਨ ਕਰਵਾਏਗਾ ਅਤੇ ਇਸ ਦੀ ਕਾਪੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ), ਅੰਮ੍ਰਿਤਸਰ ਵਿਖੇ ਜਮਾਂ ਕਰਵਾਏਗਾ ।ਜੇਕਰ ਸਕੂਲ ਇਸ ਕੰਮ ਪ੍ਰਤੀ ਅਣਗਹਿਲੀ ਕਰਦਾ ਪਾਇਆ ਜਾਂਦਾ ਹੈ ਤਾਂ ਸਕੂਲ ਦੀ ਮਾਨਤਾ ਬਿਨਾ ਨੋਟਿਸ ਦਿੱਤਿਆ ਰੱਦ ਕਰ ਦਿੱਤੀ ਜਾਵੇਗੀ ।

14. ਸਕੂਲ ਕਿਸੇ ਨਿੱਜੀ , ਸਮੂਹ ਜਾਂ ਵਿਅਕਤੀਆਂ ਦੇ ਸਮੂਹਾਂ ਜਾਂ ਕਿਸੇ ਹੋਰ ਵਿਅਕਤੀ ਦੇ ਲਾਭ ਲਈ ਨਹੀਂ ਚਲਾਇਆ ਜਾਵੇਗਾ।

15. ਲੇਖੇ ਕਿਸੇ ਪ੍ਰਮਾਣਿਤ ਚਾਰਟਿਡ ਲੇਖਾਕਾਰ ਦੁਆਰਾ ਆਡਿਟ ਕੀਤਾ ਜਾਣਾ ਚਾਹੀਦਾ ਹੈ ਅਤੇ ਨਿਯਮਾਂ ਅਨੁਸਾਰ ਲੇਖਿਆਂ ਦੀ ਸਟੇਟਮੈਂਟ ਤਿਆਰ ਕੀਤੀ ਜਾਵੇਗੀ।ਹਰ ਲੇਖਾਸਾਰਨੀ ਦੀ ਇੱਕ ਕਾਪੀ ਹਰ ਸਾਲ ਜਿਲ੍ਹਾ ਸਿੱਖਿਆ ਅਫਸਰ ਨੂੰ ਭੇਜੀ ਜਾਵੇਗੀ।

16. ਸਕੂਲ ਸਰਕਾਰ ਅਤੇ ਵਿਭਾਗ ਵੱਲੋ ਸਮੇ ਸਮੇ ਤੇ ਜਾਰੀ ਕੀਤੀਆਂ ਸਕੂਲੀ ਟਰਾਸਪੋਰਟ ਸਬੰਧੀ ਹਦਾਇਤਾਂ ਦੀ ਪਾਲਣਾ ਕਰਨੀ ਯਕੀਨੀ ਬਣਾਏਗਾ। ਸਕੂਲ ਸਰਕਾਰ/ਵਿਭਾਗ ਵੱਲੋ ਜਾਰੀ ਕੀਤੀ ਸੇਫ ਸਕੂਲ ਵਾਹਨ ਪਾਲਿਸੀ ਦੀ ਪਾਲਣਾ ਯਕੀਨੀ ਬਣਾਏਗਾ।

17. ਆਪ ਦੇ ਸਕੂਲ ਦਾ ਮਾਨਤਾ ਪ੍ਰਾਪਤ ਕੋਡ ਨੰਬਰ ਆਰ.ਟੀ.ਈ ਅੰਮ੍ਰਿਤਸਰ-12481090 ਹੈ। ਇਸ ਨੂੰ ਨੋਟ ਕਰ ਲਿਆ ਜਾਵੇ ਅਤੇ ਇਸ ਦਫਤਰ ਨਾਲ ਪੱਤਰ ਵਿਹਾਰ ਕਰਦੇ ਸਮੇਂ ਇਹ ਦਰਜ ਕੀਤਾ ਜਾਵੇ।

18. ਸਕੂਲ ਡਾਇਰੈਕਟਰ ਜਾਂ ਜਿਲ੍ਹਾ ਸਿੱਖਿਆ ਅਧਿਕਾਰੀ ਦੁਆਰਾ ਸਮੇਂ ਸਮੇਂ ਤੇ ਮੰਗੀ ਗਈ ਸੂਚਨਾ ਪੇਸ਼ ਕਰੇਗਾ ਅਤੇ ਪੰਜਾਬ ਸਰਕਾਰ/ਸਥਾਨਕ ਅਥਾਰਟੀ ਦੀਆਂ ਹਦਾਇਤਾਂ ਜੋ ਮਾਨਤਾ ਪ੍ਰਾਪਤੀ ਦੀਆਂ ਸ਼ਰਤਾਂ ਪੂਰੀਆਂ ਕਰਨ ਜਾਂ ਸਕੂਲ ਦੇ ਕੰਮਕਾਜ ਵਿੱਚ ਕਮੀਆਂ ਨੂੰ ਦੂਰ ਕਰਨ ਲਈ ਜਾਰੀ ਕੀਤੀਆਂ ਜਾਣਗੀਆਂ ਦੀ ਪਾਲਣਾ ਕਰੇਗਾ।

19. ਸੰਸਥਾਂ ਦੀ ਰਜਿਸਟਰੇਸ਼ਨ ਜਾਂ ਨਵੀਨੀਕਰਨ ਜੇਕਰ ਕੋਈ ਜਰੂਰੀ ਹੋਵੇ ਕਰਵਾਉਣਾ ਯਕੀਨੀ ਬਣਾਇਆ ਜਾਵੇ।

20.. ਸਕੂਲ, The Punjab Regulation of Fee of Unaided Educational Institutions Act, 2016 (Punjab Act No. 47 of 2016). ਵਿੱਚ ਦਰਜ ਸ਼ਰਤਾਂ ਅਤੇ ਹਦਾਇਤਾਂ ਦੀ ਇੰਨ ਬਿੰਨ ਪਾਲਣਾ ਕਰਨ ਦਾ ਪਾਬੰਧ ਰਹੇਗਾ।

**ਸਕੂਲ ਵਿੱਚ ਪਾਈਆ ਗਈਆਂ ਨਿਮਨਲਿਖਿਤ ਕਮੀਆਂ ਨੂੰ ਪਹਿਲ ਦੇ ਆਧਾਰ ਤੇ ਦੂਰ ਕੀਤਾ ਜਾਵੇ-**

1. ਬੱਚਿਆਂ ਨੂੰ ਸਕੂਲ ਵਿੱਚ ਦਾਖਲ ਕਰਨ ਲਈ ਟੈਸਟ ਨਾ ਲਿਆ ਜਾਵੇ।

24/12/24

ਜ਼ਿਲ੍ਹਾ ਸਿੱਖਿਆ ਅਫਸਰ (ਐ.ਸਿ),
ਅੰਮ੍ਰਿਤਸਰ

Chairman / Manager
Sant Baba Gurbaksh Singh
Khalsa Academy
Jabbowal (Asr.)

Principal
Sant Baba Gurbaksh Singh
Khalsa Academy
Jabbowal (Asr.)